ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਜ਼ਿਲ੍ਹੇ ਨੂੰ ਮੋਹਰੀ ਬਣਾਉਣ ਵਿੱਚ ਅਧਿਕਾਰੀਆਂ ਵੱਲੋਂ ਪਾਇਆ ਜਾਵੇ ਅਹਿਮ ਯੋਗਦਾਨ -ਸਹਾਇਕ ਕਮਿਸ਼ਨਰ

ਭਵਿੱਖ ਵਿੱਚ ਨਵੇਂ ਪ੍ਰੋਜੈਕਟ ਸ਼ੁਰੂ ਕਰਨ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੋਂ ਮੰਗੇ ਸੁਝਾਅ

**ਸੂਝਵਾਨ ਤੇ ਅਗਾਂਹਵਧੂ ਸੋਚ ਰੱਖਣ ਵਾਲੇ 13 ਨਵੰਬਰ ਤੱਕ ਦੇ ਸਕਦੇ ਹਨ ਸੁਝਾਅ**

ਆਉਂਦੇ 5 ਸਾਲਾਂ ਦਾ ਵਿਜ਼ਨ ਡਾਕੂਮੈਂਟ ਕੀਤਾ ਜਾ ਰਿਹਾ ਤਿਆਰ

ਪੇਸ਼ ਆ ਰਹੀਆਂ ਸਮੱਸਿਆਵਾਂ ਬਾਰੇ ਕੀਤੀ ਵਿਚਾਰ-ਚਰਚਾ

ਫਾਜ਼ਿਲਕਾ 03 ਨਵੰਬਰ

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਹਾਇਕ ਕਮਿਸ਼ਨਰ (ਅੰਡਰ ਟ੍ਰੇਨਿੰਗ) ਸ. ਰਣਦੀਪ ਸਿੰਘ ਦੀ ਅਗਵਾਈ ਹੇਠ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਆਉਣ ਵਾਲੇ 5 ਸਾਲਾਂ ਦਾ ਜ਼ਿਲ੍ਹਾ ਵਿਜ਼ਨ ਡਾਕੂਮੈਂਟ 2017-2022 ਤਿਆਰ ਕਰਨ ਸਬੰਧੀ ਮੀਟਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਵੱਲੋਂ ਭਵਿੱਖ ਵਿੱਚ ਜ਼ਿਲ੍ਹੇ ਨੂੰ ਮੋਹਰੀ ਬਣਾਉਣ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਕੋਲੋਂ ਨਵੇਂ ਤਿਆਰ ਕੀਤੇ ਜਾਣ ਵਾਲੇ ਵਿਜ਼ਨ ਸਬੰਧੀ ਆਪੋ-ਆਪਣੇ ਵਿਭਾਗ ਨਾਲ ਸਬੰਧਤ ਲੋੜੀਂਦੀ ਜਾਣਕਾਰੀ, ਮੁਸ਼ਕਲਾਂ ਅਤੇ ਉਨ੍ਹਾਂ ਦੇ ਹੱਲ ਲਈ ਲੋੜੀਂਦੇ ਸੁਝਾਅ ਲਏ ਗਏ। ਇਸ ਤੋਂ ਇਲਾਵਾ ਉਨ੍ਹਾਂ **ਜ਼ਿਲ੍ਹੇ ਦੇ ਸੂਝਵਾਨ ਤੇ ਅਗਾਂਹਵਧੂ ਸੋਚ ਰੱਖਣ ਵਾਲਿਆਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਇਸ ਵਿਜ਼ਨ ਨੂੰ ਲੈ ਕੇ ਆਪਣੀ ਫੀਡਬੈਕ ਤੇ ਲੋੜੀਂਦੇ ਸੁਝਾਅ dc.fzk@punjab.gov.in ’ਤੇ 13 ਨਵੰਬਰ** 2017 ਤੱਕ ਦੇ ਸਕਦੇ ਹਨ।

ਇਸ ਮੌਕੇ ਸਹਾਇਕ ਕਮਿਸ਼ਨਰ ਵੱਲੋਂ ਹਾਜ਼ਰ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਦੱਸਿਆ ਕਿ ਆਉਂਦੇ 5 ਸਾਲਾਂ ਦਾ ਇਕ ਵਿਜ਼ਿਟ ਡਾਕੂਮੈਂਟ ਤਿਆਰ ਕੀਤਾ ਜਾ ਰਿਹਾ ਹੈ ਜਿਸ ਵਿੱਚ ਉਨ੍ਹਾਂ ਵੱਲੋਂ ਅਗਲੇ 5 ਸਾਲਾਂ ਦੌਰਾਨ ਆਪੋ-ਆਪਣੇ ਵਿਭਾਗਾਂ ਰਾਹੀਂ ਨਵੇਂ ਕੀਤੇ ਜਾਣ ਵਾਲੇ ਪ੍ਰੋਜੈਕਟਾਂ ਦੇ ਵੇਰਵਿਆਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਸਮਾਜ ਲਈ ਲਾਹੇਵੰਦ ਤੇ ਲੋਕ ਹਿੱਤਾਂ ਨੂੰ ਮੁੱਖ ਰੱਖ ਕੇ ਹੀ ਨਵੇਂ ਪ੍ਰੋਜੈਕਟ ਤਿਆਰ ਕੀਤੇ ਜਾਣ। ਇਸ ਦੌਰਾਨ ਉਨ੍ਹਾਂ ਵੱਲੋਂ ਅਧਿਕਾਰੀਆਂ ਨੂੰ ਪੇਸ਼ ਆਉਂਦਿਆਂ ਸਮੱਸਿਆਵਾਂ ਬਾਰੇ ਵਿਚਾਰ ਚਰਚਾ ਕੀਤੀ। ਇਸ ਤੋਂ ਇਲਾਵਾ ਅਧਿਕਾਰੀਆਂ ਕੋਲੋਂ ਲੋੜੀਂਦੇ ਸੁਝਾਅ ਵੀ ਲਏ ਗਏ।

ਇਸ ਮੌਕੇ ਸਿਵਲ ਸਰਜਨ ਡਾ. ਸੁਰਿੰਦਰ ਕੁਮਾਰ, ਜ਼ਿਲ੍ਹਾ ਭਲਾਈ ਅਫਸਰ ਸ. ਬਰਿੰਦਰ ਸਿੰਘ, ਐਲ.ਡੀ.ਐਮ. ਸ੍ਰੀ ਪਰਮਜੀਤ ਕੌਚਰ ਤੋਂ ਇਲਾਵਾ ਜ਼ਿਲ੍ਹਾ ਸੈਨਿਕ ਭਲਾਈ ਵਿਭਾਗ,

ਭੂਮੀ ਰੱਖਿਆ ਵਿਭਾਗ ਤੇ  ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਉਨ੍ਹਾਂ ਦੇ ਨੁਮਾਇੰਦੇ ਹਾਜ਼ਰ ਸਨ।